# ਖਾਲਸਾ ਕਾਲਜ ਵਿਖੇ ਚਾਰ ਰੋਜ਼ਾ ਯੁਵਕ ਮੇਲਾ ਅਮਿੱਟ ਯਾਦਾਂ ਛੱਡਦਾ ਹੋਇਆ ਸੰਪੰਨ

## ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਨੇ ਜਿੱਤੀ ਓਵਰਆਲ ਟਰਾਫੀ, ਮਾਤਾ ਗੁਜਰੀ ਕਾਲਜ ਫਤਹਿਗੜ੍ਹ ਸਾਹਿਬ ਨੇ ਦੂਜਾ ਸਥਾਨ 'ਤੇ, ਸਰਕਾਰੀ ਕਾਲਜ ਰੋਪੜ ਨੇ ਪ੍ਰਾਪਤ ਕੀਤਾ ਤੀਜਾ ਸਥਾਨ

ਦਵਿੰਦਰਪਾਲ ਸਿੰਘ, ਸ੍ਰੀ ਆਨੰਦਪੁਰ ਸਾਹਿਬ- ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਯੁਵਕ ਭਲਾਈ ਵਿਭਾਗ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ, ਸ੍ਰੀ ਆਨੰਦਪੁਰ ਸਾਹਿਬ ਵਿਖੇ ਕਰਵਾਇਆ ਗਿਆ ਰੋਪੜ-ਫਤਹਿਗੜ੍ਹ ਸਾਹਿਬ ਜ਼ੋਨ ਦਾ ਚਾਰ ਰੋਜ਼ਾ ਯੁਵਕ ਤੇ ਲੋਕ ਮੇਲਾ ਅੱਜ ਵਿਦਿਆਰਥੀਆਂ ਦੀਆਂ ਕਲਾਤਮਕ ਪੇਸ਼ਕਾਰੀਆਂ ਅਤੇ ਸੱਭਿਆਚਾਰਕ ਰੰਗਾਂ ਨਾਲ ਅਮਿੱਟ ਯਾਦਾਂ ਛੱਡਦਾ ਹੋਇਆ ਸੰਪੰਨ ਹੋ ਗਿਆ। 16 ਤੋਂ 19 ਅਕਤੂਬਰ ਤੱਕ ਚੱਲੇ ਇਸ ਮੇਲੇ ਦੌਰਾਨ 67 ਵੱਖ-ਵੱਖ ਕਾਲਜਾਂ ਦੇ ਵਿਦਿਆਰਥੀਆਂ ਨੇ ਨਾਚ, ਥੀਏਟਰ, ਸ਼ਬਦ ਗਾਇਨ, ਸੰਗੀਤ ਦੀਆਂ ਵੱਖ-ਵੱਖ ਵੰਨਗੀਆਂ, ਲੋਕ-ਕਲਾਵਾਂ ਅਤੇ ਹੋਰ ਸੱਭਿਆਚਾਰਕ ਮੁਕਾਬਲਿਆਂ ਵਿੱਚ ਆਪਣੀ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।

ਮੇਲੇ ਦੇ ਸਮਾਪਤੀ ਸਮਾਰੋਹ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ, ਸਾਬਕਾ ਸਿੱਖਿਆ ਮੰਤਰੀ ਅਤੇ ਕਾਲਜ ਗਵਰਨਿੰਗ ਬਾਡੀ ਦੇ ਆਨਰੇਰੀ ਸਕੱਤਰ ਡਾ. ਦਲਜੀਤ ਸਿੰਘ ਚੀਮਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਵੱਖ-ਵੱਖ ਮੁਕਾਬਲਿਆਂ ਵਿੱਚ ਜੇਤੂ ਰਹੇ ਵਿਦਿਆਰਥੀਆਂ ਨੂੰ ਇਨਾਮ ਵੰਡੇ ਅਤੇ ਉਨ੍ਹਾਂ ਦੀ ਹੌਸਲਾ-ਅਫ਼ਜ਼ਾਈ ਕੀਤੀ।

ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਡਾ. ਚੀਮਾ ਨੇ ਕਿਹਾ ਕਿ ਯੁਵਕ ਮੇਲੇ ਨੌਜਵਾਨਾਂ ਦੀਆਂ ਕਲਾਤਮਕ ਅਤੇ ਸਿਰਜਣਾਤਮਕ ਰੁਚੀਆਂ ਨੂੰ ਨਿਖਾਰਨ ਦੇ ਨਾਲ-ਨਾਲ ਉਨ੍ਹਾਂ ਨੂੰ ਪੰਜਾਬ ਦੀ ਅਮੀਰ ਵਿਰਾਸਤ, ਮਾਂ-ਬੋਲੀ ਅਤੇ ਸੱਭਿਆਚਾਰ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਅਜਿਹੇ ਮੰਚ ਵਿਦਿਆਰਥੀਆਂ ਵਿੱਚ ਆਤਮ-ਵਿਸ਼ਵਾਸ, ਅਨੁਸ਼ਾਸਨ, ਟੀਮ ਭਾਵਨਾ ਅਤੇ ਮੁਕਾਬਲੇ ਦੀ ਭਾਵਨਾ ਪੈਦਾ ਕਰਦੇ ਹਨ।

ਇਸ ਤੋਂ ਪਹਿਲਾਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਗੁਰਮੀਤ ਸਿੰਘ ਬੂਹ ਅਤੇ ਕਾਲਜ ਦੇ ਸਾਬਕਾ ਵਿਦਿਆਰਥੀ ਤੇ ਸੇਵਾਮੁਕਤ ਡੀਆਈਜੀ ਸ. ਦਲਜੀਤ ਰਾਣਾ ਨੇ ਸਵੇਰ ਦੇ ਸੈਸ਼ਨ ਵਿੱਚ ਸ਼ਿਰਕਤ ਕੀਤੀ। ਇਸ ਮੌਕੇ ਗੁਰਮੀਤ ਸਿੰਘ ਬੂਹ ਨੇ ਕਿਹਾ ਕਿ ਅਜਿਹੇ ਯੁਵਕ ਮੇਲੇ ਨੌਜਵਾਨ ਪੀੜ੍ਹੀ ਨੂੰ ਆਪਣੇ ਧਰਮ, ਅਮੀਰ ਸੱਭਿਆਚਾਰ ਅਤੇ ਸ਼ਾਨਾਮੱਤੇ ਵਿਰਸੇ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ, ਧਾਰਮਿਕ ਵਿਰਾਸਤ ਅਤੇ ਪੰਜਾਬ ਦੀਆਂ ਸੱਭਿਆਚਾਰਕ ਪਰੰਪਰਾਵਾਂ ਸਾਡੀ ਪਛਾਣ ਹਨ, ਜਿਨ੍ਹਾਂ ਨੂੰ ਸੰਭਾਲਣਾ ਅਤੇ ਅਗਲੀ ਪੀੜ੍ਹੀ ਤੱਕ ਪਹੁੰਚਾਉਣਾ ਸਾਡਾ ਸਾਂਝਾ ਫ਼ਰਜ਼ ਹੈ। ਸ. ਦਲਜੀਤ ਰਾਣਾ ਨੇ ਵਿਦਿਆਰਥੀਆਂ ਦੀਆਂ ਪੇਸ਼ਕਾਰੀਆਂ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਨੂੰ ਜੀਵਨ ਵਿੱਚ ਮਿਹਨਤ, ਲਗਨ ਅਤੇ ਅਨੁਸ਼ਾਸਨ ਨਾਲ ਅੱਗੇ ਵਧਣ ਲਈ ਪ੍ਰੇਰਿਤ ਕੀਤਾ।



ਆਗਾਜ਼ ਜਾਗਰਣ

ਕਾਲਜ ਦੇ ਪ੍ਰਿੰਸੀਪਲ ਡਾ. ਜਸਵੀਰ ਸਿੰਘ ਨੇ ਮੁੱਖ ਮਹਿਮਾਨ ਡਾ. ਦਲਜੀਤ ਸਿੰਘ ਚੀਮਾ ਅਤੇ ਹੋਰ ਪਤਵੰਤਿਆਂ ਦਾ ਸਵਾਗਤ ਕਰਦਿਆਂ ਕਿਹਾ ਕਿ ਅਜਿਹੇ ਯੁਵਕ ਮੇਲੇ ਵਿਦਿਆਰਥੀਆਂ ਨੂੰ ਆਪਣੀ ਪ੍ਰਤਿਭਾ ਦਿਖਾਉਣ ਲਈ ਸਾਂਝਾ ਮੰਚ ਪ੍ਰਦਾਨ ਕਰਦੇ ਹਨ। ਉਨ੍ਹਾਂ ਮੇਲੇ ਨੂੰ ਸਫ਼ਲ ਬਣਾਉਣ ਲਈ ਕਾਲਜ ਮੈਨੇਜਮੈਂਟ, ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਯੁਵਕ ਭਲਾਈ ਵਿਭਾਗ, ਵੱਖ-ਵੱਖ ਕਾਲਜਾਂ ਦੇ ਪ੍ਰਿੰਸੀਪਲਾਂ, ਅਧਿਆਪਕਾਂ, ਪ੍ਰਬੰਧਕੀ ਟੀਮ ਅਤੇ ਵਿਦਿਆਰਥੀਆਂ ਦਾ ਧੰਨਵਾਦ ਕੀਤਾ।

ਕਾਲਜ ਦੇ ਡੀਨ ਸੱਭਿਆਚਾਰਕ ਮਾਮਲੇ ਡਾ. ਜੇ.ਪੀ. ਸਿੰਘ ਨੇ ਮੇਲੇ ਦੀ ਸਫਲਤਾ ਲਈ ਵੱਖ-ਵੱਖ ਕਾਲਜਾਂ ਦੇ ਸੱਭਿਆਚਾਰਕ ਕੋਆਰਡੀਨੇਟਰਾਂ, ਅਧਿਆਪਕਾਂ, ਕੋਚਾਂ ਅਤੇ ਮੁਕਾਬਲਿਆਂ ਵਿੱਚ ਭਾਗ ਲੈਣ ਵਾਲੇ ਵਿਦਿਆਰਥੀਆਂ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਮੇਲੇ ਦੀ ਸਫ਼ਲਤਾ ਸਮੂਹ ਸਹਿਯੋਗੀਆਂ ਦੇ ਸਾਂਝੇ ਯਤਨਾਂ ਦਾ ਨਤੀਜਾ ਹੈ। ਅਜਿਹੇ ਸਮਾਗਮ ਵਿਦਿਆਰਥੀਆਂ ਦੀਆਂ ਛੁਪੀਆਂ ਕਲਾਤਮਕ ਪ੍ਰਤਿਭਾਵਾਂ ਨੂੰ ਨਿਖਾਰਨ ਦੇ ਨਾਲ-ਨਾਲ ਉਨ੍ਹਾਂ ਨੂੰ ਆਪਣੀਆਂ ਸੱਭਿਆਚਾਰਕ ਜੜ੍ਹਾਂ ਨਾਲ ਜੋੜਨ ਵਿੱਚ ਵੀ ਸਹਾਈ ਹੁੰਦੇ ਹਨ।

ਮੇਲੇ ਦੌਰਾਨ ਵੱਖ-ਵੱਖ ਸਟੇਜਾਂ 'ਤੇ ਡਾ. ਜੇ.ਪੀ. ਸਿੰਘ, ਪ੍ਰੋ. ਦਿਲਸ਼ੇਰਬੀਰ ਸਿੰਘ ਅਤੇ ਡਾ. ਰਵਿੰਦਰ ਸਿੰਘ ਨੇ ਸਟੇਜ ਸਕੱਤਰ ਦੀ ਭੂਮਿਕਾ ਬਾਖੂਬੀ ਨਿਭਾਈ। ਉਨ੍ਹਾਂ ਵੱਖ-ਵੱਖ ਮੁਕਾਬਲਿਆਂ ਅਤੇ ਪੇਸ਼ਕਾਰੀਆਂ ਦਾ ਸੁਚੱਜੇ ਢੰਗ ਨਾਲ ਸੰਚਾਲਨ ਕਰਦਿਆਂ ਸਮਾਗਮ ਦੀ ਰੌਣਕ ਨੂੰ ਬਰਕਰਾਰ ਰੱਖਿਆ।

ਯੁਵਕ ਮੇਲੇ ਦੇ ਆਖਰੀ ਦਿਨ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਮੈਨੇਜਰ ਸ. ਸਰਬਦਿਆਲ ਸਿੰਘ, ਨੰਬਰਦਾਰ ਸੰਦੀਪ ਸਿੰਘ ਕਲੌਤਾ, ਸ੍ਰੀਮਤੀ ਹਰਬੀਰ ਕੌਰ, ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਯੁਵਕ ਭਲਾਈ ਵਿਭਾਗ ਦੇ ਡਾਇਰੈਕਟਰ ਡਾ. ਭੀਮਇੰਦਰ, ਡਾ. ਹਰਿੰਦਰ ਹੁੰਦਲ, ਰਮਨਪ੍ਰੀਤ ਕੌਰ, ਡੈਨੀ ਸ਼ਰਮਾ, ਪ੍ਰੋਗਰਾਮ ਆਰਗੇਨਾਈਜ਼ਰ ਗੁਰਕੰਵਰ ਸਿੰਘ ਰੁਬਲ ਚਾਹਲ, ਪ੍ਰੋ. ਅਵਤਾਰ ਸਿੰਘ, ਪ੍ਰੋ. ਜਤਿੰਦਰ ਸਿੰਘ ਗਿੱਲ, ਪ੍ਰੋ. ਹਰਜਿੰਦਰ ਸਿੰਘ ਬਲਿੰਗ ਅਤੇ ਵਧੀਕ ਮੈਨੇਜਰ ਅਮਰਜੀਤ ਸਿੰਘ ਜਿੰਦਵੜੀ ਵਿਸ਼ੇਸ਼ ਤੌਰ 'ਤੇ ਮੌਜੂਦ ਸਨ।

ਖਾਲਸਾ ਕਾਲਜ ਨੇ ਜਿੱਤੀ ਓਵਰਆਲ ਟਰਾਫੀ

ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ, ਸ੍ਰੀ ਆਨੰਦਪੁਰ ਸਾਹਿਬ ਨੇ ਗਰੁੱਪ ਸ਼ਬਦ, ਭੰਗੜਾ, ਗਿੱਧਾ, ਗੀਤ, ਕਲਾਸੀਕਲ ਵੋਕਲ, ਕਲਾਸੀਕਲ ਇੰਸਟਰੂਮੈਂਟਲ ਨਾਨ-ਪਰਕਸ਼ਨ, ਵੈਸਟਰਨ ਗਰੁੱਪ ਸੌਂਗ, ਫੋਕ ਆਰਕੈਸਟਰਾ, ਜਨਰਲ ਕੁਇਜ਼, ਨਾਟਕ, ਮਿਮਿਕਰੀ, ਸਕਿੱਟ, ਪੱਖੀ ਬੁਣਨਾ, ਗੁੱਡੀਆਂ-ਪਟੋਲੇ, ਟੋਕਰੀ ਬਣਾਉਣਾ ਅਤੇ ਛਿੱਕੂ ਬਣਾਉਣ ਆਦਿ ਮੁਕਾਬਲਿਆਂ ਵਿੱਚ ਪਹਿਲਾ ਸਥਾਨ ਹਾਸਲ ਕਰਕੇ ਓਵਰਆਲ ਟਰਾਫੀ ਆਪਣੇ ਨਾਂ ਕੀਤੀ। ਇਸ ਤੋਂ ਇਲਾਵਾ ਖਾਲਸਾ ਕਾਲਜ ਨੇ ਥੀਏਟਰ, ਸੰਗੀਤ, ਸਾਹਿਤਕ ਕਲਾਵਾਂ, ਨਾਚ ਅਤੇ ਲੋਕ-ਕਲਾਵਾਂ ਵਿੱਚ ਵੀ ਓਵਰਆਲ ਟਰਾਫੀਆਂ ਜਿੱਤੀਆਂ। ਮੇਲੇ ਵਿੱਚ ਮਾਤਾ ਗੁਜਰੀ ਕਾਲਜ, ਫਤਹਿਗੜ੍ਹ ਸਾਹਿਬ ਨੇ ਓਵਰਆਲ ਦੂਜਾ ਸਥਾਨ ਹਾਸਲ ਕੀਤਾ, ਜਦਕਿ ਸਰਕਾਰੀ ਕਾਲਜ, ਰੋਪੜ ਤੀਜੇ ਸਥਾਨ 'ਤੇ ਰਿਹਾ।

# ਖ਼ਾਲਸਾ ਕਾਲਜ ਵਿਖੇ ਚਾਰ ਰੋਜ਼ਾ ਯੁਵਕ ਮੇਲਾ ਅਮਿੱਟ ਯਾਦਾਂ ਛੱਡਦਾ ਸਮਾਪਤ

## ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਨੇ ਜਿੱਤੀ ਓਵਰਆਲ ਟਰਾਫ਼ੀ, ਮਾਤਾ ਗੁਜਰੀ ਕਾਲਜ ਫ਼ਤਿਹਗੜ੍ਹ ਸਾਹਿਬ ਦੂਜੇ ਤੇ ਸਰਕਾਰੀ ਕਾਲਜ ਰੂਪਨਗਰ ਤੀਜੇ ਸਥਾਨ 'ਤੇ ਰਿਹਾ



ਸ੍ਰੀ ਅਨੰਦਪੁਰ ਸਾਹਿਬ, 19 ਅਕਤੂਬਰ (ਐਸ.ਪੀ. ਸਿੰਘ, ਰਾਜਬੀਰ ਸਿੰਘ): ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਯੁਵਕ ਭਲਾਈ ਵਿਭਾਗ ਵਲੋਂ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ, ਸ੍ਰੀ ਅਨੰਦਪੁਰ ਸਾਹਿਬ ਵਿਖੇ ਕਰਵਾਇਆ ਗਿਆ ਰੂਪਨਗਰ-ਫਤਹਿਗੜ੍ਹ ਸਾਹਿਬ ਜ਼ੋਨ ਦਾ ਚਾਰ ਰੋਜ਼ਾ ਯੁਵਕ ਤੇ ਲੋਕ ਮੇਲਾ ਵਿਦਿਆਰਥੀਆਂ ਦੀਆਂ ਸ਼ਾਨਦਾਰ ਕਲਾਤਮਕ ਪੇਸ਼ਕਾਰੀਆਂ ਤੇ ਪੰਜਾਬੀ ਸੱਭਿਆਚਾਰ ਦੇ ਰੰਗ ਬਿਖੇਰਦਾ ਹੋਇਆ ਅਮਿੱਟ ਯਾਦਾਂ ਛੱਡ ਗਿਆ। 16 ਤੋਂ 19 ਅਕਤੂਬਰ ਤਕ ਚੱਲੇ ਇਸ ਮੇਲੇ 'ਚ 67 ਵੱਖ-ਵੱਖ ਕਾਲਜਾਂ ਦੇ ਵਿਦਿਆਰਥੀਆਂ ਨੇ ਨਾਚ, ਥੀਏਟਰ, ਸ਼ਬਦ ਗਾਇਨ, ਸੰਗੀਤ, ਸਾਹਿਤਕ ਵੰਨਗੀਆਂ, ਲੋਕ-ਕਲਾਵਾਂ ਤੇ ਹੋਰ ਸੱਭਿਆਚਾਰਕ ਮੁਕਾਬਲਿਆਂ 'ਚ ਆਪਣੀ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਮੇਲੇ ਦੇ ਸਮਾਪਤੀ ਸਮਾਰੋਹ 'ਚ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ, ਸਾਬਕਾ ਸਿੱਖਿਆ ਮੰਤਰੀ ਅਤੇ ਕਾਲਜ ਗਵਰਨਿੰਗ ਬਾਡੀ ਦੇ ਆਨਰੇਰੀ ਸਕੱਤਰ ਡਾ. ਦਲਜੀਤ ਸਿੰਘ ਚੀਮਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਵੱਖ-ਵੱਖ ਮੁਕਾਬਲਿਆਂ 'ਚ ਜੇਤੂ ਰਹੇ ਵਿਦਿਆਰਥੀਆਂ ਨੂੰ ਇਨਾਮ ਦੇ ਕੇ ਸਨਮਾਨਤ ਕੀਤਾ ਤੇ ਉਨ੍ਹਾਂ ਦੀ ਹੌਸਲਾ-ਅਫ਼ਜ਼ਾਈ ਕੀਤੀ। ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਡਾ. ਚੀਮਾ ਨੇ ਕਿਹਾ ਕਿ ਯੁਵਕ ਮੇਲੇ ਨੌਜਵਾਨਾਂ ਦੀਆਂ ਕਲਾਤਮਕ ਤੇ ਸਿਰਜਣਾਤਮਕ ਰੁਚੀਆਂ ਨੂੰ ਨਿਖਾਰਨ ਦੇ ਨਾਲ-ਨਾਲ ਉਨ੍ਹਾਂ ਨੂੰ ਪੰਜਾਬ ਦੀ ਅਮੀਰ ਵਿਰਾਸਤ, ਮਾਂ-ਬੋਲੀ ਤੇ ਸੱਭਿਆਚਾਰ ਨਾਲ ਜੋੜਨ 'ਚ ਅਹਿਮ ਭੂਮਿਕਾ ਨਿਭਾਉਂਦੇ ਹਨ। ਇਸ ਤੋਂ ਪਹਿਲਾਂ ਸਵੇਰ ਦੇ ਸੈਸ਼ਨ 'ਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਗੁਰਮੀਤ ਸਿੰਘ ਬੂਹ ਤੇ ਕਾਲਜ ਦੇ ਸਾਬਕਾ ਵਿਦਿਆਰਥੀ ਤੇ ਸੇਵਾਮੁਕਤ ਡੀ.ਆਈ.ਜੀ. ਦਲਜੀਤ ਰਾਣਾ ਨੇ ਸ਼ਿਰਕਤ ਕੀਤੀ। ਗੁਰਮੀਤ ਸਿੰਘ ਬੂਹ ਨੇ ਕਿਹਾ ਕਿ ਅਜਿਹੇ ਯੁਵਕ ਮੇਲੇ ਨੌਜਵਾਨ ਪੀੜ੍ਹੀ ਨੂੰ ਆਪਣੇ ਧਰਮ, ਅਮੀਰ ਸੱਭਿਆਚਾਰ ਤੇ ਸ਼ਾਨਾਮੱਤੇ ਵਿਰਸੇ ਨਾਲ ਜੋੜਨ 'ਚ ਅਹਿਮ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ, ਧਾਰਮਕ ਵਿਰਾਸਤ ਤੇ ਪੰਜਾਬ ਦੀਆਂ ਸੱਭਿਆਚਾਰਕ ਪਰੰਪਰਾਵਾਂ ਸਾਡੀ ਪਛਾਣ ਹਨ, ਜਿਨ੍ਹਾਂ ਨੂੰ ਸੰਭਾਲਣਾ ਤੇ ਅਗਲੀ ਪੀੜ੍ਹੀ ਤੱਕ ਪਹੁੰਚਾਉਣਾ ਸਾਡਾ ਸਾਂਝਾ ਫ਼ਰਜ਼ ਹੈ। ਦਲਜੀਤ ਰਾਣਾ ਨੇ ਵਿਦਿਆਰਥੀਆਂ ਦੀਆਂ ਪੇਸ਼ਕਾਰੀਆਂ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਨੂੰ ਮਿਹਨਤ, ਲਗਨ ਤੇ ਅਨੁਸ਼ਾਸਨ ਨਾਲ ਜੀਵਨ 'ਚ ਅੱਗੇ ਵਧਣ ਲਈ ਪ੍ਰੇਰਿਤ ਕੀਤਾ। ਕਾਲਜ ਦੇ ਪ੍ਰਿੰਸੀਪਲ ਡਾ. ਜਸਵੀਰ ਸਿੰਘ ਨੇ ਮੁੱਖ ਮਹਿਮਾਨ ਡਾ. ਦਲਜੀਤ ਸਿੰਘ ਚੀਮਾ ਤੇ ਹੋਰ ਪਤਵੰਤਿਆਂ ਦਾ ਸਵਾਗਤ ਕੀਤਾ। ਸਮਾਪਤੀ ਸਮਾਰੋਹ ਮੌਕੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਮੈਨੇਜਰ ਸਰਬਦਿਆਲ ਸਿੰਘ, ਨੰਬਰਦਾਰ ਸੰਦੀਪ ਸਿੰਘ ਕਲੋਤਾ, ਹਰਬੀਰ ਕੌਰ, ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਯੁਵਕ ਭਲਾਈ ਵਿਭਾਗ ਦੇ ਡਾਇਰੈਕਟਰ ਡਾ. ਭੀਮਇੰਦਰ, ਡਾ. ਹਰਿੰਦਰ ਹੁੰਦਲ, ਰਮਨਪ੍ਰੀਤ ਕੌਰ, ਡੌਲੀ ਸ਼ਰਮਾ, ਪ੍ਰੋਗਰਾਮ ਆਰਗੇਨਾਈਜ਼ਰ ਗੁਰਪ੍ਰੀਤ ਸਿੰਘ ਕੁਸ਼ਲ ਚਾਹਲ, ਪ੍ਰੋ. ਅਵਤਾਰ ਸਿੰਘ, ਪ੍ਰੋ. ਜਤਿੰਦਰ ਸਿੰਘ ਗਿੱਲ, ਪ੍ਰੋ. ਹਰਜਿੰਦਰ ਸਿੰਘ ਬਲਿੰਗ ਤੇ ਵਧੀਕ ਮੈਨੇਜਰ ਅਮਰਜੀਤ ਸਿੰਘ ਜਿੰਦਵੜੀ ਸਮੇਤ ਹੋਰ ਪਤਵੰਤੇ ਹਾਜ਼ਰ ਸਨ।

**ਖ਼ਾਲਸਾ ਕਾਲਜ ਨੇ ਜਿੱਤੀ ਓਵਰਆਲ ਟਰਾਫ਼ੀ**

ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ, ਸ੍ਰੀ ਅਨੰਦਪੁਰ ਸਾਹਿਬ ਨੇ ਯੁਵਕ ਮੇਲੇ 'ਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਓਵਰਆਲ ਟਰਾਫ਼ੀ ਆਪਣੇ ਨਾਂ ਕੀਤੀ। ਕਾਲਜ ਨੇ ਗਰੁੱਪ ਸ਼ਬਦ, ਭੰਗੜਾ, ਗਿੱਧਾ, ਗੀਤ, ਕਲਾਸੀਕਲ ਵੋਕਲ, ਕਲਾਸੀਕਲ ਇੰਸਟਰੂਮੈਂਟਲ ਨਾਨ-ਪਰਕਸ਼ਨ, ਵੈਸਟਰਨ ਗਰੁੱਪ ਸੌਂਗ, ਫੋਕ ਆਰਕੈਸਟਰਾ, ਜਨਰਲ ਕੁਇਜ਼, ਨਾਟਕ, ਮਿਮਿਕਰੀ, ਸਕਿੱਟ, ਪੱਖੀ ਬੁਣਨਾ, ਗੁੱਡੀਆਂ-ਪਟੋਲੇ, ਟੋਕਰੀ ਬਣਾਉਣਾ ਤੇ ਛਿੱਕੂ ਬਣਾਉਣ ਸਮੇਤ ਵੱਖ-ਵੱਖ ਮੁਕਾਬਲਿਆਂ 'ਚ ਪਹਿਲਾ ਸਥਾਨ ਹਾਸਲ ਕੀਤਾ। ਇਸ ਤੋਂ ਇਲਾਵਾ ਕਾਲਜ ਨੇ ਥੀਏਟਰ, ਸੰਗੀਤ, ਸਾਹਿਤਕ ਕਲਾਵਾਂ, ਨਾਚ ਤੇ ਲੋਕ-ਕਲਾਵਾਂ ਦੀਆਂ ਸ਼੍ਰੇਣੀਆਂ 'ਚ ਵੀ ਓਵਰਆਲ ਟਰਾਫੀਆਂ ਜਿੱਤ ਕੇ ਆਪਣੀ ਕਲਾਤਮਕ ਪ੍ਰਤਿਭਾ ਦਾ ਲੋਹਾ ਮਨਵਾਇਆ। ਮਾਤਾ ਗੁਜਰੀ ਕਾਲਜ, ਫਤਹਿਗੜ੍ਹ ਸਾਹਿਬ ਨੇ ਓਵਰਆਲ ਦੂਜਾ ਸਥਾਨ ਹਾਸਲ ਕੀਤਾ, ਜਦਕਿ ਸਰਕਾਰੀ ਕਾਲਜ ਰੂਪਨਗਰ ਤੀਜੇ ਸਥਾਨ 'ਤੇ ਰਿਹਾ।

# ਖ਼ਾਲਸਾ ਕਾਲਜ ਵਿਖੇ ਚਾਰ ਰੋਜ਼ਾ ਯੁਵਕ ਮੇਲਾ ਅਮਿੱਟ ਯਾਦਾਂ ਛੱਡਦਾ ਸਮਾਪਤ

## ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਨੇ ਜਿੱਤੀ ਓਵਰਆਲ ਟਰਾਫ਼ੀ, ਮਾਤਾ ਗੁਜਰੀ ਕਾਲਜ ਫ਼ਤਿਹਗੜ੍ਹ ਸਾਹਿਬ ਦੂਜੇ ਤੇ ਸਰਕਾਰੀ ਕਾਲਜ ਰੂਪਨਗਰ ਤੀਜੇ ਸਥਾਨ 'ਤੇ ਰਿਹਾ



**ਸ੍ਰੀ ਅਨੰਦਪੁਰ ਸਾਹਿਬ, 19 ਅਕਤੂਬਰ (ਐਸ.ਪੀ. ਸਿੰਘ, ਰਾਜਬੀਰ ਸਿੰਘ):** ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਯੁਵਕ ਭਲਾਈ ਵਿਭਾਗ ਵਲੋਂ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ, ਸ੍ਰੀ ਅਨੰਦਪੁਰ ਸਾਹਿਬ ਵਿਖੇ ਕਰਵਾਇਆ ਗਿਆ ਰੂਪਨਗਰ-ਫਤਹਿਗੜ੍ਹ ਸਾਹਿਬ ਜ਼ੋਨ ਦਾ ਚਾਰ ਰੋਜ਼ਾ ਯੁਵਕ ਤੇ ਲੋਕ ਮੇਲਾ ਵਿਦਿਆਰਥੀਆਂ ਦੀਆਂ ਸ਼ਾਨਦਾਰ ਕਲਾਤਮਕ ਪੇਸ਼ਕਾਰੀਆਂ ਤੇ ਪੰਜਾਬੀ ਸੱਭਿਆਚਾਰ ਦੇ ਰੰਗ ਬਿਖੇਰਦਾ ਹੋਇਆ ਅਮਿੱਟ ਯਾਦਾਂ ਛੱਡ ਗਿਆ। 16 ਤੋਂ 19 ਅਕਤੂਬਰ ਤਕ ਚੱਲੇ ਇਸ ਮੇਲੇ 'ਚ 67 ਵੱਖ-ਵੱਖ ਕਾਲਜਾਂ ਦੇ ਵਿਦਿਆਰਥੀਆਂ ਨੇ ਨਾਚ, ਥੀਏਟਰ, ਸ਼ਬਦ ਗਾਇਨ, ਸੰਗੀਤ, ਸਾਹਿਤਕ ਵੰਨਗੀਆਂ, ਲੋਕ-ਕਲਾਵਾਂ ਤੇ ਹੋਰ ਸੱਭਿਆਚਾਰਕ ਮੁਕਾਬਲਿਆਂ 'ਚ ਅਪਣੀ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਮੇਲੇ ਦੇ ਸਮਾਪਤੀ ਸਮਾਰੋਹ 'ਚ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ, ਸਾਬਕਾ ਸਿੱਖਿਆ ਮੰਤਰੀ ਅਤੇ ਕਾਲਜ ਗਵਰਨਿੰਗ ਬਾਡੀ ਦੇ ਆਨਰੇਰੀ ਸਕੱਤਰ ਡਾ. ਦਲਜੀਤ ਸਿੰਘ ਚੀਮਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਵੱਖ-ਵੱਖ ਮੁਕਾਬਲਿਆਂ 'ਚ ਜੇਤੂ ਰਹੇ ਵਿਦਿਆਰਥੀਆਂ ਨੂੰ ਇਨਾਮ ਦੇ ਕੇ ਸਨਮਾਨਤ ਕੀਤਾ ਤੇ ਉਨ੍ਹਾਂ ਦੀ ਹੌਸਲਾ-ਅਫ਼ਜ਼ਾਈ ਕੀਤੀ। ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਡਾ. ਚੀਮਾ ਨੇ ਕਿਹਾ ਕਿ ਯੁਵਕ ਮੇਲੇ ਨੌਜਵਾਨਾਂ ਦੀਆਂ ਕਲਾਤਮਕ ਤੇ ਸਿਰਜਣਾਤਮਕ ਰੁਚੀਆਂ ਨੂੰ ਨਿਖਾਰਨ ਦੇ ਨਾਲ-ਨਾਲ ਉਨ੍ਹਾਂ ਨੂੰ ਪੰਜਾਬ ਦੀ ਅਮੀਰ ਵਿਰਾਸਤ, ਮਾਂ-ਬੋਲੀ ਤੇ ਸੱਭਿਆਚਾਰ ਨਾਲ ਜੋੜਨ 'ਚ ਅਹਿਮ ਭੂਮਿਕਾ ਨਿਭਾਉਂਦੇ ਹਨ। ਇਸ ਤੋਂ ਪਹਿਲਾਂ ਸਵੇਰ ਦੇ ਸੈਸ਼ਨ 'ਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਗੁਰਮੀਤ ਸਿੰਘ ਬੂਹ ਤੇ ਕਾਲਜ ਦੇ ਸਾਬਕਾ ਵਿਦਿਆਰਥੀ ਤੇ ਸੇਵਾਮੁਕਤ ਡੀ.ਆਈ.ਜੀ. ਦਲਜੀਤ ਰਾਣਾ ਨੇ ਸ਼ਿਰਕਤ ਕੀਤੀ। ਗੁਰਮੀਤ ਸਿੰਘ ਬੂਹ ਨੇ ਕਿਹਾ ਕਿ ਅਜਿਹੇ ਯੁਵਕ ਮੇਲੇ ਨੌਜਵਾਨ ਪੀੜ੍ਹੀ ਨੂੰ ਆਪਣੇ ਧਰਮ, ਅਮੀਰ ਸੱਭਿਆਚਾਰ ਤੇ ਸ਼ਾਨਾਮੱਤੇ ਵਿਰਸੇ ਨਾਲ ਜੋੜਨ 'ਚ ਅਹਿਮ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ, ਧਾਰਮਕ ਵਿਰਾਸਤ ਤੇ ਪੰਜਾਬ ਦੀਆਂ ਸੱਭਿਆਚਾਰਕ ਪਰੰਪਰਾਵਾਂ ਸਾਡੀ ਪਛਾਣ ਹਨ, ਜਿਨ੍ਹਾਂ ਨੂੰ ਸੰਭਾਲਣਾ ਤੇ ਅਗਲੀ ਪੀੜ੍ਹੀ ਤੱਕ ਪਹੁੰਚਾਉਣਾ ਸਾਡਾ ਸਾਂਝਾ ਫ਼ਰਜ਼ ਹੈ। ਦਲਜੀਤ ਰਾਣਾ ਨੇ ਵਿਦਿਆਰਥੀਆਂ ਦੀਆਂ ਪੇਸ਼ਕਾਰੀਆਂ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਨੂੰ ਮਿਹਨਤ, ਲਗਨ ਤੇ ਅਨੁਸ਼ਾਸਨ ਨਾਲ ਜੀਵਨ 'ਚ ਅੱਗੇ ਵਧਣ ਲਈ ਪ੍ਰੇਰਿਤ ਕੀਤਾ। ਕਾਲਜ ਦੇ ਪ੍ਰਿੰਸੀਪਲ ਡਾ. ਜਸਵੀਰ ਸਿੰਘ ਨੇ ਮੁੱਖ ਮਹਿਮਾਨ ਡਾ. ਦਲਜੀਤ ਸਿੰਘ ਚੀਮਾ ਤੇ ਹੋਰ ਪਤਵੰਤਿਆਂ ਦਾ ਸਵਾਗਤ ਕੀਤਾ। ਸਮਾਪਤੀ ਸਮਾਰੋਹ ਮੌਕੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਮੈਨੇਜਰ ਸਰਬਦਿਆਲ ਸਿੰਘ, ਨੰਬਰਦਾਰ ਸੰਦੀਪ ਸਿੰਘ ਕਲੋਤਾ,ਹਰਬੀਰ ਕੌਰ, ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਯੁਵਕ ਭਲਾਈ ਵਿਭਾਗ ਦੇ ਡਾਇਰੈਕਟਰ ਡਾ. ਭੀਮਇੰਦਰ, ਡਾ. ਹਰਿੰਦਰ ਹੁੰਦਲ, ਰਮਨਪ੍ਰੀਤ ਕੌਰ, ਡੈਨੀ ਸ਼ਰਮਾ, ਪ੍ਰੋਗਰਾਮ ਆਰਗੇਨਾਈਜ਼ਰ ਗੁਰਕਵਰ ਸਿੰਘ ਰੁਬਲ ਚਾਹਲ, ਪ੍ਰੋ. ਅਵਤਾਰ ਸਿੰਘ, ਪ੍ਰੋ. ਜਤਿੰਦਰ ਸਿੰਘ ਗਿੱਲ, ਪ੍ਰੋ. ਹਰਜਿੰਦਰ ਸਿੰਘ ਬਲਿੰਗ ਤੇ ਵਧੀਕ ਮੈਨੇਜਰ ਅਮਰਜੀਤ ਸਿੰਘ ਜਿੰਦਵੜੀ ਸਮੇਤ ਹੋਰ ਪਤਵੰਤੇ ਹਾਜ਼ਰ ਸਨ।

**ਖ਼ਾਲਸਾ ਕਾਲਜ ਨੇ ਜਿੱਤੀ ਓਵਰਆਲ ਟਰਾਫ਼ੀ**

ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ, ਸ੍ਰੀ ਅਨੰਦਪੁਰ ਸਾਹਿਬ ਨੇ ਯੁਵਕ ਮੇਲੇ 'ਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਓਵਰਆਲ ਟਰਾਫ਼ੀ ਅਪਣੇ ਨਾਂ ਕੀਤੀ। ਕਾਲਜ ਨੇ ਗਰੁੱਪ ਸ਼ਬਦ, ਭੰਗੜਾ, ਗਿੱਧਾ, ਗੀਤ, ਕਲਾਸੀਕਲ ਵੋਕਲ, ਕਲਾਸੀਕਲ ਇੰਸਟਰੂਮੈਂਟਲ ਨਾਨ-ਪਰਕਸ਼ਨ, ਵੈਸਟਰਨ ਗਰੁੱਪ ਸੋਂਗ, ਫੋਕ ਆਰਕੈਸਟਰਾ, ਜਨਰਲ ਕੁਇਜ਼, ਨਾਟਕ, ਮਿਮਿਕਰੀ, ਸਕਿੱਟ, ਪੱਖੀ ਬੁਣਨਾ, ਗੁੱਡੀਆਂ-ਪਟੋਲੇ, ਟੋਕਰੀ ਬਣਾਉਣਾ ਤੇ ਛਿੱਕੂ ਬਣਾਉਣ ਸਮੇਤ ਵੱਖ-ਵੱਖ ਮੁਕਾਬਲਿਆਂ 'ਚ ਪਹਿਲਾ ਸਥਾਨ ਹਾਸਲ ਕੀਤਾ। ਇਸ ਤੋਂ ਇਲਾਵਾ ਕਾਲਜ ਨੇ ਥੀਏਟਰ, ਸੰਗੀਤ, ਸਾਹਿਤਕ ਕਲਾਵਾਂ, ਨਾਚ ਤੇ ਲੋਕ-ਕਲਾਵਾਂ ਦੀਆਂ ਸ਼੍ਰੇਣੀਆਂ 'ਚ ਵੀ ਓਵਰਆਲ ਟਰਾਫੀਆਂ ਜਿੱਤ ਕੇ ਆਪਣੀ ਕਲਾਤਮਕ ਪ੍ਰਤਿਭਾ ਦਾ ਲੋਹਾ ਮਨਵਾਇਆ। ਮਾਤਾ ਗੁਜਰੀ ਕਾਲਜ, ਫਤਹਿਗੜ੍ਹ ਸਾਹਿਬ ਨੇ ਓਵਰਆਲ ਦੂਜਾ ਸਥਾਨ ਹਾਸਲ ਕੀਤਾ, ਜਦਕਿ ਸਰਕਾਰੀ ਕਾਲਜ ਰੂਪਨਗਰ ਤੀਜੇ ਸਥਾਨ 'ਤੇ ਰਿਹਾ।

ਰੋਜ਼ਾਨਾ ਸਪੋਕਸਮੈਨ
RozanaSpokesman.com

# ਖਾਲਸਾ ਕਾਲਜ 'ਚ 4 ਰੋਜ਼ਾ ਯੁਵਕ ਮੇਲਾ ਅਮਿੱਟ ਯਾਦਾਂ ਛੱਡਦਾ ਹੋਇਆ ਸੰਪੰਨ

ਸ੍ਰੀ ਅਨੰਦਪੁਰ ਸਾਹਿਬ, 19 ਅਕਤੂਬਰ (ਦਲਜੀਤ ਸਿੰਘ)-ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਯੁਵਕ ਭਲਾਈ ਵਿਭਾਗ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ, ਸ੍ਰੀ ਆਨੰਦਪੁਰ ਸਾਹਿਬ ਵਿਖੇ ਕਰਵਾਇਆ ਗਿਆ ਰੋਪੜ-ਫਤਹਿਗੜ੍ਹ ਸਾਹਿਬ ਜ਼ੋਨ ਦਾ ਚਾਰ ਰੋਜ਼ਾ ਯੁਵਕ ਤੇ ਲੋਕ ਮੇਲਾ ਵਿਦਿਆਰਥੀਆਂ ਦੀਆਂ ਕਲਾਤਮਕ ਪੇਸ਼ਕਾਰੀਆਂ ਅਤੇ ਸੱਭਿਆਚਾਰਕ ਰੰਗਾਂ ਨਾਲ ਅਮਿੱਟ ਯਾਦਾਂ ਛੱਡਦਾ ਹੋਇਆ ਸੰਪੰਨ ਹੋ ਗਿਆ। 16 ਤੋਂ 19 ਅਕਤੂਬਰ ਤੱਕ ਚੱਲੇ ਮੇਲੇ ਦੌਰਾਨ 67 ਕਾਲਜਾਂ ਦੇ ਵਿਦਿਆਰਥੀਆਂ ਨੇ ਨਾਚ, ਥੀਏਟਰ, ਸ਼ਬਦ ਗਾਇਨ, ਸੰਗੀਤ ਦੀਆਂ ਵੱਖ-ਵੱਖ ਵੰਨਗੀਆਂ, ਲੋਕ-ਕਲਾਵਾਂ ਅਤੇ ਹੋਰ ਸੱਭਿਆਚਾਰਕ ਮੁਕਾਬਲਿਆਂ ਵਿਚ ਆਪਣੀ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।

ਮੇਲੇ ਦੇ ਸਮਾਪਤੀ ਸਮਾਰੋਹ ਵਿਚ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ, ਸਾਬਕਾ ਸਿੱਖਿਆ ਮੰਤਰੀ ਅਤੇ ਕਾਲਜ ਗਵਰਨਿੰਗ ਬਾਡੀ ਦੇ ਆਨਰੇਰੀ ਸਕੱਤਰ ਡਾ. ਦਲਜੀਤ ਸਿੰਘ ਚੀਮਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਅਤੇ ਵੱਖ-ਵੱਖ ਮੁਕਾਬਲਿਆਂ ਵਿਚ ਜੇਤੂ ਰਹੇ ਵਿਦਿਆਰਥੀਆਂ ਨੂੰ ਇਨਾਮ ਵੰਡੇ।

ਡਾ. ਚੀਮਾ ਨੇ ਕਿਹਾ ਕਿ ਯੁਵਕ ਮੇਲੇ ਨੌਜਵਾਨਾਂ ਦੀਆਂ ਕਲਾਤਮਕ ਅਤੇ ਸਿਰਜਣਾਤਮਕ ਰੁਚੀਆਂ ਨੂੰ ਨਿਖਾਰਨ ਦੇ ਨਾਲ-ਨਾਲ ਉਨ੍ਹਾਂ ਨੂੰ ਪੰਜਾਬ ਦੀ ਅਮੀਰ ਵਿਰਾਸਤ, ਮਾਂ-ਬੋਲੀ ਅਤੇ ਸੱਭਿਆਚਾਰ ਨਾਲ ਜੋੜਨ ਵਿਚ ਅਹਿਮ ਭੂਮਿਕਾ ਨਿਭਾਉਂਦੇ ਹਨ। ਅਜਿਹੇ ਮੰਚ ਵਿਦਿਆਰਥੀਆਂ ਵਿਚ ਆਤਮ-ਵਿਸ਼ਵਾਸ, ਅਨੁਸ਼ਾਸਨ, ਟੀਮ ਭਾਵਨਾ ਅਤੇ ਮੁਕਾਬਲੇ ਦੀ ਭਾਵਨਾ ਪੈਦਾ ਕਰਦੇ ਹਨ।

ਇਸ ਤੋਂ ਪਹਿਲਾਂ ਸ਼੍ਰੋਮਣੀ ਕਮੇਟੀ ਦੇ ਮੈਂਬਰ ਗੁਰਮੀਤ ਸਿੰਘ ਬੂਹ ਅਤੇ ਕਾਲਜ ਦੇ ਸਾਬਕਾ ਵਿਦਿਆਰਥੀ ਤੇ ਸੇਵਾਮੁਕਤ ਡੀ. ਆਈ. ਜੀ. ਦਲਜੀਤ ਰਾਣਾ ਨੇ ਸਵੇਰ ਦੇ ਸੈਸ਼ਨ ਵਿਚ ਸ਼ਿਰਕਤ ਕੀਤੀ। ਇਸ ਮੌਕੇ ਗੁਰਮੀਤ ਸਿੰਘ ਬੂਹ ਨੇ ਕਿਹਾ ਕਿ ਅਜਿਹੇ ਯੁਵਕ ਮੇਲੇ ਨੌਜਵਾਨ ਪੀੜ੍ਹੀ ਨੂੰ ਆਪਣੇ ਧਰਮ, ਅਮੀਰ ਸੱਭਿਆਚਾਰ ਅਤੇ ਸ਼ਾਨਾਮੱਤੇ ਵਿਰਸੇ ਨਾਲ ਜੋੜਨ ਵਿਚ ਅਹਿਮ ਭੂਮਿਕਾ ਨਿਭਾਉਂਦੇ ਹਨ। ਦਲਜੀਤ ਰਾਣਾ ਨੇ ਵਿਦਿਆਰਥੀਆਂ ਦੀਆਂ ਪੇਸ਼ਕਾਰੀਆਂ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਨੂੰ ਜੀਵਨ ਵਿਚ ਮਿਹਨਤ, ਲਗਨ ਅਤੇ ਅਨੁਸ਼ਾਸਨ ਨਾਲ ਅੱਗੇ ਵਧਣ ਲਈ ਪ੍ਰੇਰਿਤ ਕੀਤਾ।



ਜੇਤੂ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਦੀ ਟੀਮ ਨੂੰ ਸਨਮਾਨਿਤ ਕਰਦੇ ਹੋਏ ਮੁੱਖ ਮਹਿਮਾਨ ਡਾ. ਦਲਜੀਤ ਸਿੰਘ ਚੀਮਾ (ਦਲਜੀਤ)

ਕਾਲਜ ਦੇ ਪ੍ਰਿੰਸੀਪਲ ਡਾ. ਜਸਵੀਰ ਸਿੰਘ ਨੇ ਮੁੱਖ ਮਹਿਮਾਨ ਡਾ. ਦਲਜੀਤ ਸਿੰਘ ਚੀਮਾ ਅਤੇ ਹੋਰ ਪਤਵੰਤਿਆਂ ਦਾ ਸਵਾਗਤ ਕਰਦਿਆਂ ਕਿਹਾ ਕਿ ਅਜਿਹੇ ਯੁਵਕ ਮੇਲੇ ਵਿਦਿਆਰਥੀਆਂ ਨੂੰ ਆਪਣੀ ਪ੍ਰਤਿਭਾ ਦਿਖਾਉਣ ਲਈ ਸਾਂਝਾ ਮੰਚ ਪ੍ਰਦਾਨ ਕਰਦੇ ਹਨ। ਉਨ੍ਹਾਂ ਮੇਲੇ ਨੂੰ ਸਫ਼ਲ ਬਣਾਉਣ ਲਈ ਕਾਲਜ ਮੈਨੇਜਮੈਂਟ, ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਯੁਵਕ ਭਲਾਈ ਵਿਭਾਗ, ਵੱਖ-ਵੱਖ ਕਾਲਜਾਂ ਦੇ ਪ੍ਰਿੰਸੀਪਲਾਂ, ਅਧਿਆਪਕਾਂ, ਪ੍ਰਬੰਧਕੀ ਟੀਮ ਅਤੇ ਵਿਦਿਆਰਥੀਆਂ ਦਾ ਧੰਨਵਾਦ ਕੀਤਾ। ਕਾਲਜ ਦੇ ਡੀਨ ਸੱਭਿਆਚਾਰਕ ਮਾਮਲੇ ਡਾ. ਜੇ. ਪੀ. ਸਿੰਘ ਨੇ ਮੇਲੇ ਦੀ ਸਫ਼ਲਤਾ ਲਈ ਵੱਖ-ਵੱਖ ਕਾਲਜਾਂ ਦੇ ਸੱਭਿਆਚਾਰਕ ਕੋਆਰਡੀਨੇਟਰਾਂ, ਅਧਿਆਪਕਾਂ, ਕੋਚਾਂ ਅਤੇ ਮੁਕਾਬਲਿਆਂ ਵਿਚ ਭਾਗ ਲੈਣ ਵਾਲੇ ਵਿਦਿਆਰਥੀਆਂ ਦਾ ਧੰਨਵਾਦ ਕੀਤਾ।

ਮੇਲੇ ਦੌਰਾਨ ਵੱਖ-ਵੱਖ ਸਟੇਜਾਂ 'ਤੇ ਡਾ. ਜੇ. ਪੀ. ਸਿੰਘ, ਪ੍ਰੋ. ਦਿਲਸ਼ੇਰਬੀਰ ਸਿੰਘ ਅਤੇ ਡਾ. ਰਵਿੰਦਰ ਸਿੰਘ ਨੇ ਸਟੇਜ ਸਕੱਤਰ ਦੀ ਭੂਮਿਕਾ ਬਾਖ਼ੂਬੀ ਨਿਭਾਈ। ਯੁਵਕ ਮੇਲੇ ਦੇ ਆਖ਼ਰੀ ਦਿਨ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਮੈਨੇਜਰ ਸਰਬਦਿਆਲ ਸਿੰਘ, ਨੰਬਰਦਾਰ ਸੰਦੀਪ ਸਿੰਘ ਕਲੋਤਾ, ਹਰਬੀਰ ਕੌਰ, ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਯੁਵਕ ਭਲਾਈ ਵਿਭਾਗ ਦੇ ਡਾਇਰੈਕਟਰ ਡਾ. ਭੀਮਇੰਦਰ, ਡਾ. ਹਰਿੰਦਰ ਹੁੰਦਲ, ਰਮਨਪ੍ਰੀਤ ਕੌਰ, ਡੈਨੀ ਸ਼ਰਮਾ, ਪ੍ਰੋਗਰਾਮ ਆਰਗੇਨਾਈਜ਼ਰ ਗੁਰਕਵਰ ਸਿੰਘ ਰੂਬਲ ਚਾਹਲ, ਪ੍ਰੋ. ਅਵਤਾਰ ਸਿੰਘ, ਪ੍ਰੋ. ਜਤਿੰਦਰ ਸਿੰਘ ਗਿੱਲ, ਪ੍ਰੋ. ਹਰਜਿੰਦਰ ਸਿੰਘ ਬੱਲਿੰਗ ਅਤੇ ਵਧੀਕ ਮੈਨੇਜਰ ਅਮਰਜੀਤ ਸਿੰਘ ਜਿੰਦਵੜੀ ਵਿਸ਼ੇਸ਼ ਤੌਰ 'ਤੇ ਮੌਜੂਦ ਸਨ।

## ਖਾਲਸਾ ਕਾਲਜ ਨੇ ਜਿੱਤੀ ਓਵਰਆਲ ਟਰਾਫੀ

ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ, ਸ੍ਰੀ ਅਨੰਦਪੁਰ ਸਾਹਿਬ ਨੇ ਗਰੁੱਪ ਸ਼ਬਦ, ਭੰਗੜਾ, ਗਿੱਧਾ, ਗੀਤ, ਕਲਾਸੀਕਲ ਵੋਕਲ, ਕਲਾਸੀਕਲ ਇੰਸਟਰੂਮੈਂਟਲ ਨਾਨ-ਪਰਕਸ਼ਨ, ਵੈਸਟਰਨ ਗਰੁੱਪ ਸੌਂਗ, ਫੋਕ ਆਰਕੈਸਟਰਾ, ਜਨਰਲ ਕੁਇਜ਼, ਨਾਟਕ, ਮਿਮਿਕਰੀ, ਸਕਿੱਟ, ਪੱਖੀ ਬੁਣਨਾ, ਗੁੱਡੀਆਂ-ਪਟੋਲੇ, ਟੋਕਰੀ ਬਣਾਉਣਾ ਅਤੇ ਛਿੱਕੂ ਬਣਾਉਣ ਆਦਿ ਮੁਕਾਬਲਿਆਂ ਵਿੱਚ ਪਹਿਲਾ ਸਥਾਨ ਹਾਸਲ ਕਰਕੇ ਓਵਰਆਲ ਟਰਾਫੀ ਆਪਣੇ ਨਾਂ ਕੀਤੀ। ਇਸ ਤੋਂ ਇਲਾਵਾ ਖਾਲਸਾ ਕਾਲਜ ਨੇ ਥੀਏਟਰ, ਸੰਗੀਤ, ਸਾਹਿਤਕ ਕਲਾਵਾਂ, ਨਾਚ ਅਤੇ ਲੋਕ-ਕਲਾਵਾਂ ਵਿੱਚ ਵੀ ਓਵਰਆਲ ਟਰਾਫੀਆਂ ਜਿੱਤੀਆਂ। ਮੇਲੇ ਵਿੱਚ ਮਾਤਾ ਗੁਜਰੀ ਕਾਲਜ, ਫਤਹਿਗੜ੍ਹ ਸਾਹਿਬ ਨੇ ਓਵਰਆਲ ਦੂਜਾ ਸਥਾਨ ਹਾਸਲ ਕੀਤਾ, ਜਦਕਿ ਸਰਕਾਰੀ ਕਾਲਜ, ਰੋਪੜ ਤੀਜੇ ਸਥਾਨ 'ਤੇ ਰਿਹਾ।

CMYK

# ਖਾਲਸਾ ਕਾਲਜ ਵਿਖੇ ਚਾਰ ਰੋਜ਼ਾ ਯੁਵਕ ਮੇਲਾ ਅਮਿੱਟ ਯਾਦਾਂ ਛੱਡਦਾ ਹੋਇਆ ਸੰਪੰਨ

## ਡਾ. ਦਲਜੀਤ ਸਿੰਘ ਚੀਮਾ ਨੇ ਮੁੱਖ ਮਹਿਮਾਨ ਵਜੋਂ ਕੀਤੀ ਸ਼ਿਰਕਤ, ਜੇਤੂ ਵਿਦਿਆਰਥੀਆਂ ਨੂੰ ਇਨਾਮ ਵੰਡੇ

ਫਤਿਹ ਐਕਸਪ੍ਰੈਸ
Fatehexpressnews@gmail.com



ਸ੍ਰੀ ਆਨੰਦਪੁਰ ਸਾਹਿਬ 19 ਅਕਤੂਬਰ (ਮਧੂ ਸੂਦਨ)- ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਯੁਵਕ ਭਲਾਈ ਵਿਭਾਗ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ, ਸ੍ਰੀ ਆਨੰਦਪੁਰ ਸਾਹਿਬ ਵਿਖੇ ਕਰਵਾਇਆ ਗਿਆ ਰੋਪੜ-ਫਤਹਿਗੜ੍ਹ ਸਾਹਿਬ ਜ਼ੋਨ ਦਾ ਚਾਰ ਰੋਜ਼ਾ ਯੁਵਕ ਤੇ ਲੋਕ ਮੇਲਾ ਅੱਜ ਵਿਦਿਆਰਥੀਆਂ ਦੀਆਂ ਕਲਾਤਮਕ ਪੇਸ਼ਕਾਰੀਆਂ ਅਤੇ ਸੱਭਿਆਚਾਰਕ ਰੰਗਾਂ ਨਾਲ ਅਮਿੱਟ ਯਾਦਾਂ ਛੱਡਦਾ ਹੋਇਆ ਸੰਪੰਨ ਹੋ ਗਿਆ। 16 ਤੋਂ 19 ਅਕਤੂਬਰ ਤੱਕ ਚੱਲੇ ਇਸ ਮੇਲੇ ਦੌਰਾਨ 67 ਵੱਖ-ਵੱਖ ਕਾਲਜਾਂ ਦੇ ਵਿਦਿਆਰਥੀਆਂ ਨੇ ਨਾਚ, ਥੀਏਟਰ, ਸ਼ਬਦ ਗਾਇਨ, ਸੰਗੀਤ ਦੀਆਂ ਵੱਖ-ਵੱਖ ਵੰਨਗੀਆਂ, ਲੋਕ-ਕਲਾਵਾਂ ਅਤੇ ਹੋਰ ਸੱਭਿਆਚਾਰਕ ਮੁਕਾਬਲਿਆਂ ਵਿੱਚ ਆਪਣੀ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।

ਮੇਲੇ ਦੇ ਸਮਾਪਤੀ ਸਮਾਰੋਹ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ, ਸਾਬਕਾ ਸਿੱਖਿਆ ਮੰਤਰੀ ਅਤੇ ਕਾਲਜ ਗਵਰਨਿੰਗ ਬਾਡੀ ਦੇ ਆਨਰੇਰੀ ਸਕੱਤਰ ਡਾ. ਦਲਜੀਤ ਸਿੰਘ ਚੀਮਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਵੱਖ-ਵੱਖ ਮੁਕਾਬਲਿਆਂ ਵਿੱਚ ਜੇਤੂ ਰਹੇ ਵਿਦਿਆਰਥੀਆਂ ਨੂੰ ਇਨਾਮ ਵੰਡੇ ਅਤੇ ਉਨ੍ਹਾਂ ਦੀ ਹੌਸਲਾ-ਅਫ਼ਜ਼ਾਈ ਕੀਤੀ।

ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਡਾ. ਚੀਮਾ ਨੇ ਕਿਹਾ ਕਿ ਯੁਵਕ ਮੇਲੇ ਨੌਜਵਾਨਾਂ ਦੀਆਂ ਕਲਾਤਮਕ ਅਤੇ ਸਿਰਜਣਾਤਮਕ ਰੁਚੀਆਂ ਨੂੰ ਨਿਖਾਰਨ ਦੇ ਨਾਲ-ਨਾਲ ਉਨ੍ਹਾਂ ਨੂੰ ਪੰਜਾਬ ਦੀ ਅਮੀਰ ਵਿਰਾਸਤ, ਮਾਂ-ਬੋਲੀ ਅਤੇ ਸੱਭਿਆਚਾਰ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਅਜਿਹੇ ਮੰਚ ਵਿਦਿਆਰਥੀਆਂ ਵਿੱਚ ਆਤਮ-ਵਿਸ਼ਵਾਸ, ਅਨੁਸ਼ਾਸਨ, ਟੀਮ ਭਾਵਨਾ ਅਤੇ ਮੁਕਾਬਲੇ ਦੀ ਭਾਵਨਾ ਪੈਦਾ ਕਰਦੇ ਹਨ।

ਇਸ ਤੋਂ ਪਹਿਲਾਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਗੁਰਮੀਤ ਸਿੰਘ ਬੂਹ ਅਤੇ ਕਾਲਜ ਦੇ ਸਾਬਕਾ ਵਿਦਿਆਰਥੀ ਤੇ ਸੇਵਾਮੁਕਤ ਡੀਆਈਜੀ ਸ. ਦਲਜੀਤ ਰਾਣਾ ਨੇ ਸਵੇਰ ਦੇ ਸੈਸ਼ਨ ਵਿੱਚ ਸ਼ਿਰਕਤ ਕੀਤੀ। ਇਸ ਮੌਕੇ ਗੁਰਮੀਤ ਸਿੰਘ ਬੂਹ ਨੇ ਕਿਹਾ ਕਿ ਅਜਿਹੇ ਯੁਵਕ ਮੇਲੇ ਨੌਜਵਾਨ ਪੀੜ੍ਹੀ ਨੂੰ ਆਪਣੇ ਧਰਮ, ਅਮੀਰ ਸੱਭਿਆਚਾਰ ਅਤੇ ਸ਼ਾਨਾਮੱਤੇ ਵਿਰਸੇ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ, ਧਾਰਮਿਕ ਵਿਰਾਸਤ ਅਤੇ ਪੰਜਾਬ ਦੀਆਂ ਸੱਭਿਆਚਾਰਕ ਪਰੰਪਰਾਵਾਂ ਸਾਡੀ ਪਛਾਣ ਹਨ, ਜਿਨ੍ਹਾਂ ਨੂੰ ਸੰਭਾਲਣਾ ਅਤੇ ਅਗਲੀ ਪੀੜ੍ਹੀ ਤੱਕ ਪਹੁੰਚਾਉਣਾ ਸਾਡਾ ਸਾਂਝਾ ਫ਼ਰਜ਼ ਹੈ। ਸ. ਦਲਜੀਤ ਰਾਣਾ ਨੇ ਵਿਦਿਆਰਥੀਆਂ ਦੀਆਂ ਪੇਸ਼ਕਾਰੀਆਂ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਨੂੰ ਜੀਵਨ ਵਿੱਚ ਮਿਹਨਤ, ਲਗਨ ਅਤੇ ਅਨੁਸ਼ਾਸਨ ਨਾਲ ਅੱਗੇ ਵਧਣ ਲਈ ਪ੍ਰੇਰਿਤ ਕੀਤਾ।

ਕਾਲਜ ਦੇ ਪ੍ਰਿੰਸੀਪਲ ਡਾ. ਜਸਵੀਰ ਸਿੰਘ ਨੇ ਮੁੱਖ ਮਹਿਮਾਨ ਡਾ. ਦਲਜੀਤ ਸਿੰਘ ਚੀਮਾ ਅਤੇ ਹੋਰ ਪਤਵੰਤਿਆਂ ਦਾ ਸਵਾਗਤ ਕਰਦਿਆਂ ਕਿਹਾ ਕਿ ਅਜਿਹੇ ਯੁਵਕ ਮੇਲੇ ਵਿਦਿਆਰਥੀਆਂ ਨੂੰ ਆਪਣੀ ਪ੍ਰਤਿਭਾ ਦਿਖਾਉਣ ਲਈ ਸਾਂਝਾ ਮੰਚ ਪ੍ਰਦਾਨ ਕਰਦੇ ਹਨ। ਉਨ੍ਹਾਂ ਮੇਲੇ ਨੂੰ ਸਫ਼ਲ ਬਣਾਉਣ ਲਈ ਕਾਲਜ ਮੈਨੇਜਮੈਂਟ, ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਯੁਵਕ ਭਲਾਈ ਵਿਭਾਗ, ਵੱਖ-ਵੱਖ ਕਾਲਜਾਂ ਦੇ ਪ੍ਰਿੰਸੀਪਲਾਂ, ਅਧਿਆਪਕਾਂ, ਪ੍ਰਬੰਧਕੀ ਟੀਮ ਅਤੇ ਵਿਦਿਆਰਥੀਆਂ ਦਾ ਧੰਨਵਾਦ ਕੀਤਾ।

ਕਾਲਜ ਦੇ ਡੀਨ ਸੱਭਿਆਚਾਰਕ ਮਾਮਲੇ ਡਾ. ਜੇ.ਪੀ. ਸਿੰਘ ਨੇ ਮੇਲੇ ਦੀ ਸਫ਼ਲਤਾ ਲਈ ਵੱਖ-ਵੱਖ ਕਾਲਜਾਂ ਦੇ ਸੱਭਿਆਚਾਰਕ ਕੋਆਰਡੀਨੇਟਰਾਂ, ਅਧਿਆਪਕਾਂ, ਕੋਚਾਂ ਅਤੇ ਮੁਕਾਬਲਿਆਂ ਵਿੱਚ ਭਾਗ ਲੈਣ ਵਾਲੇ ਵਿਦਿਆਰਥੀਆਂ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਮੇਲੇ ਦੀ ਸਫ਼ਲਤਾ ਸਮੂਹ ਸਹਿਯੋਗੀਆਂ ਦੇ ਸਾਂਝੇ ਯਤਨਾਂ ਦਾ ਨਤੀਜਾ ਹੈ। ਅਜਿਹੇ ਸਮਾਗਮ ਵਿਦਿਆਰਥੀਆਂ ਦੀਆਂ ਛੁਪੀਆਂ ਕਲਾਤਮਕ ਪ੍ਰਤਿਭਾਵਾਂ ਨੂੰ ਨਿਖਾਰਨ ਦੇ ਨਾਲ-ਨਾਲ ਉਨ੍ਹਾਂ ਨੂੰ ਆਪਣੀਆਂ ਸੱਭਿਆਚਾਰਕ ਜੜ੍ਹਾਂ ਨਾਲ ਜੋੜਨ ਵਿੱਚ ਵੀ ਸਹਾਈ ਹੁੰਦੇ ਹਨ।

ਮੇਲੇ ਦੌਰਾਨ ਵੱਖ-ਵੱਖ ਸਟੇਜਾਂ 'ਤੇ ਡਾ. ਜੇ.ਪੀ. ਸਿੰਘ, ਪ੍ਰੋ. ਦਿਲਸ਼ੇਰਬੀਰ ਸਿੰਘ ਅਤੇ ਡਾ. ਰਵਿੰਦਰ ਸਿੰਘ ਨੇ ਸਟੇਜ ਸਕੱਤਰ ਦੀ ਭੂਮਿਕਾ ਬਾਖੂਬੀ ਨਿਭਾਈ। ਉਨ੍ਹਾਂ ਵੱਖ-ਵੱਖ ਮੁਕਾਬਲਿਆਂ ਅਤੇ ਪੇਸ਼ਕਾਰੀਆਂ ਦਾ ਸੁਚੱਜੇ ਢੰਗ ਨਾਲ ਸੰਚਾਲਨ ਕਰਦਿਆਂ ਸਮਾਗਮ ਦੀ ਰੌਣਕ ਨੂੰ ਬਰਕਰਾਰ ਰੱਖਿਆ।

ਯੁਵਕ ਮੇਲੇ ਦੇ ਆਖ਼ਰੀ ਦਿਨ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਮੈਨੇਜਰ ਸ. ਸਰਬਦਿਆਲ ਸਿੰਘ, ਨੰਬਰਦਾਰ ਸੰਦੀਪ ਸਿੰਘ ਕਲੋਤਾ, ਸ੍ਰੀਮਤੀ ਹਰਬੀਰ ਕੌਰ, ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਯੁਵਕ ਭਲਾਈ ਵਿਭਾਗ ਦੇ ਡਾਇਰੈਕਟਰ ਡਾ. ਭੀਮਇੰਦਰ, ਡਾ. ਹਰਿੰਦਰ ਹੁੰਦਲ, ਰਮਨਪ੍ਰੀਤ ਕੌਰ, ਡੈਨੀ ਸ਼ਰਮਾ, ਪ੍ਰੋਗਰਾਮ ਆਰਗੇਨਾਈਜ਼ਰ ਗੁਰਕਵਰ ਸਿੰਘ ਰੂਬਲ ਚਾਹਲ, ਪ੍ਰੋ. ਅਵਤਾਰ ਸਿੰਘ, ਪ੍ਰੋ. ਜਤਿੰਦਰ ਸਿੰਘ ਗਿੱਲ, ਪ੍ਰੋ. ਹਰਜਿੰਦਰ ਸਿੰਘ ਬਲਿੰਗ ਅਤੇ ਵਧੀਕ ਮੈਨੇਜਰ ਅਮਰਜੀਤ ਸਿੰਘ ਜਿੰਦਵੜੀ ਵਿਸ਼ੇਸ਼ ਤੌਰ 'ਤੇ ਮੌਜੂਦ ਸਨ।

### ਖਾਲਸਾ ਕਾਲਜ ਨੇ ਜਿੱਤੀ ਓਵਰਆਲ ਟਰਾਫੀ

ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ, ਸ੍ਰੀ ਆਨੰਦਪੁਰ ਸਾਹਿਬ ਨੇ ਗਰੁੱਪ ਸ਼ਬਦ, ਭੰਗੜਾ, ਗਿੱਧਾ, ਗੀਤ, ਕਲਾਸੀਕਲ ਵੋਕਲ, ਕਲਾਸੀਕਲ ਇਸਟਰੂਮੈਂਟਲ ਨਾਨ-ਪਰਕਸ਼ਨ, ਵੈਸਟਰਨ ਗਰੁੱਪ ਸੌਂਗ, ਫੋਕ ਆਰਕੈਸਟਰਾ, ਜਨਰਲ ਕੁਇਜ਼, ਨਾਟਕ, ਮਿਮਿਕਰੀ, ਸਕਿੱਟ, ਪੱਖੀ ਬੁਣਨਾ, ਗੁੱਡੀਆਂ-ਪਟੋਲੇ, ਟੋਕਰੀ ਬਣਾਉਣਾ ਅਤੇ ਛਿੱਕੂ ਬਣਾਉਣ ਆਦਿ ਮੁਕਾਬਲਿਆਂ ਵਿੱਚ ਪਹਿਲਾ ਸਥਾਨ ਹਾਸਲ ਕਰਕੇ ਓਵਰਆਲ ਟਰਾਫੀ ਆਪਣੇ ਨਾਂ ਕੀਤੀ। ਇਸ ਤੋਂ ਇਲਾਵਾ ਖਾਲਸਾ ਕਾਲਜ ਨੇ ਥੀਏਟਰ, ਸੰਗੀਤ, ਸਾਹਿਤਕ ਕਲਾਵਾਂ, ਨਾਚ ਅਤੇ ਲੋਕ-ਕਲਾਵਾਂ ਵਿੱਚ ਵੀ ਓਵਰਆਲ ਟਰਾਫੀਆਂ ਜਿੱਤੀਆਂ। ਮੇਲੇ ਵਿੱਚ ਮਾਤਾ ਗੁਜਰੀ ਕਾਲਜ, ਫਤਹਿਗੜ੍ਹ ਸਾਹਿਬ ਨੇ ਓਵਰਆਲ ਦੂਜਾ ਸਥਾਨ ਹਾਸਲ ਕੀਤਾ, ਜਦਕਿ ਸਰਕਾਰੀ ਕਾਲਜ, ਰੋਪੜ ਤੀਜੇ ਸਥਾਨ 'ਤੇ ਰਿਹਾ।

# Four-Day Ropar-Fatehgarh Sahib Zone Youth And Folk Festival Concludes With Lasting Memories At Sri Anandpur Sahib



**Sri Anandpur Sahib, October 19 (Arwinder Bhardwaj)** The four-day youth and folk festival of the Ropar-Fatehgarh Sahib zone, organized by the Youth Welfare Department of Punjabi University, Patiala, at Sri Guru Teg Bahadur Khalsa College, Sri Anandpur Sahib, concluded today, leaving indelible memories through students' artistic presentations and cultural vibrancy. During this festival held from October 16 to 19, students from 67 different colleges showcased their remarkable talent across dance, theatre, Shabad Gayan, diverse genres of music, folk arts, and other cultural competitions. Senior Shiromani Akali Dal leader, former Education Minister, and Honorary Secretary of the college governing body, Dr. Daljit Singh Cheema, graced the closing ceremony as the chief guest. He distributed prizes among the winning students across various competitions and encouraged them. Addressing the students, Dr. Cheema said that youth festivals play a vital role in honing the artistic and creative talents of youngsters, while simultaneously connecting them with Punjab's rich heritage, mother tongue, and culture. Such platforms instill self-confidence, discipline, team spirit, and a healthy sense of competition among students. Earlier, Shiromani Gurdwara Parbandhak Committee member Gurmeet Singh Booh, along with college alumnus and retired DIG Daljit Rana, attended the morning session. On this occasion, Gurmeet Singh Booh remarked that such youth festivals play a pivotal role in linking the youth with their religion, vibrant culture, and glorious lineage. He stated that the teachings of the Guru Sahibs, religious heritage, and cultural traditions of Punjab represent our identity, which is our collective duty to preserve and pass on to future generations. S. Daljit Rana lauded the students' performances and motivated them to progress in life through hard work, dedication, and discipline. Welcoming the chief guest Dr. Daljit Singh Cheema and other dignitaries, College Principal Dr. Jasvir Singh stated that such youth festivals provide a unified platform for students to exhibit their capabilities. He extended his gratitude to the college management, the Youth Welfare Department of Punjabi University Patiala, principals of various colleges, faculty, the administrative team, and students for making the event successful. Dean of Cultural Affairs, Dr. J.P. Singh, thanked cultural coordinators, teachers, coaches from various institutions, and participating students for the success of the festival. He noted that the festival's accomplishment is the collective outcome of joint efforts, emphasizing that such initiatives nurture students' hidden artistic potential while keeping them firmly rooted in their cultural origins.

# ਸ੍ਰੀ ਆਨੰਦਪੁਰ ਸਾਹਿਬ ਵਿਖੇ ਰੋਪੜ-ਫਤਹਿਗੜ੍ਹ ਸਾਹਿਬ ਜ਼ੋਨ ਦਾ ਚਾਰ ਰੋਜ਼ਾ ਯੁਵਕ ਤੇ ਲੋਕ ਮੇਲਾ ਅਮਿੱਟ ਯਾਦਾਂ ਛੱਡਦਾ ਹੋਇਆ ਸੰਪੰਨ

ਸ੍ਰੀ ਆਨੰਦਪੁਰ ਸਾਹਿਬ, 19 ਅਕਤੂਬਰ (ਅਰਵਿੰਦਰ ਭਾਰਦਵਾਜ)



ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਯੁਵਕ ਭਲਾਈ ਵਿਭਾਗ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ, ਸ੍ਰੀ ਆਨੰਦਪੁਰ ਸਾਹਿਬ ਵਿਖੇ ਕਰਵਾਇਆ ਗਿਆ ਰੋਪੜ-ਫਤਹਿਗੜ੍ਹ ਸਾਹਿਬ ਜ਼ੋਨ ਦਾ ਚਾਰ ਰੋਜ਼ਾ ਯੁਵਕ ਤੇ ਲੋਕ ਮੇਲਾ ਅੱਜ ਵਿਦਿਆਰਥੀਆਂ ਦੀਆਂ ਕਲਾਤਮਕ ਪੇਸ਼ਕਾਰੀਆਂ ਅਤੇ ਸੱਭਿਆਚਾਰਕ ਰੰਗਾਂ ਨਾਲ ਅਮਿੱਟ ਯਾਦਾਂ ਛੱਡਦਾ ਹੋਇਆ ਸੰਪੰਨ ਹੋ ਗਿਆ। 16 ਤੋਂ 19 ਅਕਤੂਬਰ ਤੱਕ ਚੱਲੇ ਇਸ ਮੇਲੇ ਦੌਰਾਨ 67 ਵੱਖ-ਵੱਖ ਕਾਲਜਾਂ ਦੇ ਵਿਦਿਆਰਥੀਆਂ ਨੇ ਨਾਚ, ਥੀਏਟਰ, ਸ਼ਬਦ ਗਾਇਨ, ਸੰਗੀਤ ਦੀਆਂ ਵੱਖ-ਵੱਖ ਵੰਨਗੀਆਂ, ਲੋਕ-ਕਲਾਵਾਂ ਅਤੇ ਹੋਰ ਸੱਭਿਆਚਾਰਕ ਮੁਕਾਬਲਿਆਂ ਵਿੱਚ ਆਪਣੀ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।

ਮੇਲੇ ਦੇ ਸਮਾਪਤੀ ਸਮਾਰੋਹ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ, ਸਾਬਕਾ ਸਿੱਖਿਆ ਮੰਤਰੀ ਅਤੇ ਕਾਲਜ ਗਵਰਨਿੰਗ ਬਾਡੀ ਦੇ ਆਨਰੇਰੀ ਸਕੱਤਰ ਡਾ. ਦਲਜੀਤ ਸਿੰਘ ਚੀਮਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਵੱਖ-ਵੱਖ ਮੁਕਾਬਲਿਆਂ ਵਿੱਚ ਜੇਤੂ ਰਹੇ ਵਿਦਿਆਰਥੀਆਂ ਨੂੰ ਇਨਾਮ ਵੰਡੇ ਅਤੇ ਉਨ੍ਹਾਂ ਦੀ ਹੌਸਲਾ-ਅਫ਼ਜ਼ਾਈ ਕੀਤੀ।

ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਡਾ. ਚੀਮਾ ਨੇ ਕਿਹਾ ਕਿ ਯੁਵਕ ਮੇਲੇ ਨੌਜਵਾਨਾਂ ਦੀਆਂ ਕਲਾਤਮਕ ਅਤੇ ਸਿਰਜਣਾਤਮਕ ਰੁਚੀਆਂ ਨੂੰ ਨਿਖਾਰਨ ਦੇ ਨਾਲ-ਨਾਲ ਉਨ੍ਹਾਂ ਨੂੰ ਪੰਜਾਬ ਦੀ ਅਮੀਰ ਵਿਰਾਸਤ, ਮਾਂ-ਬੋਲੀ ਅਤੇ ਸੱਭਿਆਚਾਰ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਅਜਿਹੇ ਮੰਚ ਵਿਦਿਆਰਥੀਆਂ ਵਿੱਚ ਆਤਮ-ਵਿਸ਼ਵਾਸ, ਅਨੁਸ਼ਾਸਨ, ਟੀਮ ਭਾਵਨਾ ਅਤੇ ਮੁਕਾਬਲੇ ਦੀ ਭਾਵਨਾ ਪੈਦਾ ਕਰਦੇ ਹਨ।

ਇਸ ਤੋਂ ਪਹਿਲਾਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਗੁਰਮੀਤ ਸਿੰਘ ਬੂਹ ਅਤੇ ਕਾਲਜ ਦੇ ਸਾਬਕਾ ਵਿਦਿਆਰਥੀ ਤੇ ਸੇਵਾਮੁਕਤ ਡੀਆਈਜੀ ਸ. ਦਲਜੀਤ ਰਾਣਾ ਨੇ ਸਵੇਰ ਦੇ ਸੈਸ਼ਨ ਵਿੱਚ ਸ਼ਿਰਕਤ ਕੀਤੀ। ਇਸ ਮੌਕੇ ਗੁਰਮੀਤ ਸਿੰਘ ਬੂਹ ਨੇ ਕਿਹਾ ਕਿ ਅਜਿਹੇ ਯੁਵਕ ਮੇਲੇ ਨੌਜਵਾਨ ਪੀੜ੍ਹੀ ਨੂੰ ਆਪਣੇ ਧਰਮ, ਅਮੀਰ ਸੱਭਿਆਚਾਰ ਅਤੇ ਸ਼ਾਨਾਮੱਤੇ ਵਿਰਸੇ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ, ਧਾਰਮਿਕ ਵਿਰਾਸਤ ਅਤੇ ਪੰਜਾਬ ਦੀਆਂ ਸੱਭਿਆਚਾਰਕ ਪਰੰਪਰਾਵਾਂ ਸਾਡੀ ਪਛਾਣ ਹਨ, ਜਿਨ੍ਹਾਂ ਨੂੰ ਸੰਭਾਲਣਾ ਅਤੇ ਅਗਲੀ ਪੀੜ੍ਹੀ ਤੱਕ ਪਹੁੰਚਾਉਣਾ ਸਾਡਾ ਸਾਂਝਾ ਫ਼ਰਜ਼ ਹੈ। ਸ. ਦਲਜੀਤ ਰਾਣਾ ਨੇ ਵਿਦਿਆਰਥੀਆਂ ਦੀਆਂ ਪੇਸ਼ਕਾਰੀਆਂ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਨੂੰ ਜੀਵਨ ਵਿੱਚ ਮਿਹਨਤ, ਲਗਨ ਅਤੇ ਅਨੁਸ਼ਾਸਨ ਨਾਲ ਅੱਗੇ ਵਧਣ ਲਈ ਪ੍ਰੇਰਿਤ ਕੀਤਾ।

ਕਾਲਜ ਦੇ ਪ੍ਰਿੰਸੀਪਲ ਡਾ. ਜਸਵੀਰ ਸਿੰਘ ਨੇ ਮੁੱਖ ਮਹਿਮਾਨ ਡਾ. ਦਲਜੀਤ ਸਿੰਘ ਚੀਮਾ ਅਤੇ ਹੋਰ ਪਤਵੰਤਿਆਂ ਦਾ ਸਵਾਗਤ ਕਰਦਿਆਂ ਕਿਹਾ ਕਿ ਅਜਿਹੇ ਯੁਵਕ ਮੇਲੇ ਵਿਦਿਆਰਥੀਆਂ ਨੂੰ ਆਪਣੀ ਪ੍ਰਤਿਭਾ ਦਿਖਾਉਣ ਲਈ ਸਾਂਝਾ ਮੰਚ ਪ੍ਰਦਾਨ ਕਰਦੇ ਹਨ।

ਉਨ੍ਹਾਂ ਮੇਲੇ ਨੂੰ ਸਫ਼ਲ ਬਣਾਉਣ ਲਈ ਕਾਲਜ ਮੈਨੇਜਮੈਂਟ, ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਯੁਵਕ ਭਲਾਈ ਵਿਭਾਗ, ਵੱਖ-ਵੱਖ ਕਾਲਜਾਂ ਦੇ ਪ੍ਰਿੰਸੀਪਲਾਂ, ਅਧਿਆਪਕਾਂ, ਪ੍ਰਬੰਧਕੀ ਟੀਮ ਅਤੇ ਵਿਦਿਆਰਥੀਆਂ ਦਾ ਧੰਨਵਾਦ ਕੀਤਾ।

## पंजाबी यूनि. का रोपड़-फतेहगढ़ साहिब जोन का युवा और लोक मेला संपन्न

# श्री आनंदपुर साहिब के खालसा कॉलेज ने जीती ओवरऑल ट्रॉफी

भास्कर न्यूज| श्री आनंदपुर साहिब

पंजाबी यूनिवर्सिटी पटियाला के युवा कल्याण विभाग की ओर से श्री गुरु तेग बहादुर खालसा कॉलेज, श्री आनंदपुर साहिब में आयोजित रोपड़-फतेहगढ़ साहिब जोन का चार दिवसीय युवा एवं लोक मेला रविवार को संपन्न हो गया। इस मेले में 67 कॉलेजों के विद्यार्थियों ने नृत्य, संगीत, रंगमंच, साहित्यिक गतिविधियों और लोक कलाओं से अपनी प्रतिभा का प्रदर्शन किया।

मेले में श्री गुरु तेग बहादुर खालसा कॉलेज ने ओवरऑल ट्रॉफी अपने नाम की। माता गुजरी कॉलेज, फतेहगढ़ साहिब दूसरे और सरकारी कॉलेज, रोपड़ तीसरे स्थान पर रहा। समापन समारोह में शिअद के वरिष्ठ नेता, पूर्व शिक्षा मंत्री और कॉलेज की गवर्निंग बॉडी के मानद सचिव डॉ. दलजीत सिंह चीमा मुख्य अतिथि थे।



समापन समारोह में विजेता विद्यार्थियों के साथ मुख्यातिथि।

उन्होंने कहा कि युवा मेले विद्यार्थियों की कलात्मक और रचनात्मक प्रतिभा को निखारने के साथ उन्हें पंजाब की समृद्ध विरासत, मातृभाषा और संस्कृति से जोड़ने में महत्वपूर्ण भूमिका निभाते हैं। ऐसे आयोजन युवाओं में आत्मविश्वास, अनुशासन, टीम भावना और प्रतिस्पर्धा की भावना विकसित करते हैं। वहीं, एसजीपीसी मेंबर गुरमीत सिंह बूड़ और कॉलेज के पूर्व विद्यार्थी व सेवानिवृत्त डीआईजी दलजीत राणा ने कहा कि ऐसे आयोजन युवा पीढ़ी को धर्म, संस्कृति और गौरवशाली विरासत से जोड़ने का प्रभावी माध्यम हैं। उन्होंने विद्यार्थियों को मेहनत, लगन और अनुशासन के साथ जीवन में आगे बढ़ने के लिए प्रेरित किया।

कॉलेज के प्रिंसिपल डॉ. जसवीर सिंह और डीन सांस्कृतिक मामले डॉ. जेपी सिंह ने कहा कि मेले की सफलता सामूहिक प्रयासों का परिणाम है।

# 4 ਰੋਜ਼ਾ ਯੁਵਕ ਮੇਲਾ ਅਮਿੱਟ ਯਾਦਾਂ ਛੱਡਦਾ ਹੋਇਆ ਸੰਪੰਨ

ਪੰਜਾਬੀ ਜਾਗਰਣ ਟੀਮ • ਸ੍ਰੀ ਆਨੰਦਪੁਰ ਸਾਹਿਬ : ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਯੁਵਕ ਭਲਾਈ ਵਿਭਾਗ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਖ਼ਾਲਸਾ ਕਾਲਜ, ਸ੍ਰੀ ਆਨੰਦਪੁਰ ਸਾਹਿਬ ਵਿਖੇ ਕਰਵਾਇਆ ਗਿਆ ਰੋਪੜ-ਫਤਹਿਗੜ੍ਹ ਸਾਹਿਬ ਜ਼ੋਨ ਦਾ ਚਾਰ ਰੋਜ਼ਾ ਯੁਵਕ ਤੇ ਲੋਕ ਮੇਲਾ ਅੱਜ ਅਮਿੱਟ ਯਾਦਾਂ ਛੱਡਦਾ ਹੋਇਆ ਸੰਪੰਨ ਹੋ ਗਿਆ। 16 ਤੋਂ 19 ਅਕਤੂਬਰ ਤੱਕ ਚੱਲੇ ਇਸ ਮੇਲੇ 'ਚ 67 ਕਾਲਜਾਂ ਦੇ ਵਿਦਿਆਰਥੀਆਂ ਨੇ ਵੱਖ-ਵੱਖ ਸੱਭਿਆਚਾਰਕ ਅਤੇ ਕਲਾਤਮਕ ਮੁਕਾਬਲਿਆਂ 'ਚ ਆਪਣੀ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।



ਯਾਦਗਾਰੀ ਤਸਵੀਰ ਲੈਂਦੇ ਹੋਏ ਜੇਤੂ ਵਿਦਿਆਰਥੀ ਅਤੇ ਕਾਲਜ ਦਾ ਸਟਾਫ।

ਸਮਾਪਤੀ ਸਮਾਰੋਹ 'ਚ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ, ਸਾਬਕਾ ਸਿੱਖਿਆ ਮੰਤਰੀ ਅਤੇ ਕਾਲਜ ਗਵਰਨਿੰਗ ਬਾਡੀ ਦੇ ਆਨਰੇਰੀ ਸਕੱਤਰ ਡਾ. ਦਲਜੀਤ ਸਿੰਘ ਚੀਮਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਜੇਤੂ ਵਿਦਿਆਰਥੀਆਂ ਨੂੰ ਇਨਾਮ ਵੰਡਦਿਆਂ ਹੌਸਲਾ-ਅਫ਼ਜ਼ਾਈ ਕੀਤੀ। ਉਨ੍ਹਾਂ ਕਿਹਾ ਕਿ ਯੁਵਕ ਮੇਲੇ ਨੌਜਵਾਨਾਂ ਦੀਆਂ ਕਲਾਤਮਕ ਰੁਚੀਆਂ ਨੂੰ ਨਿਖਾਰਨ ਅਤੇ ਉਨ੍ਹਾਂ ਨੂੰ ਪੰਜਾਬ ਦੀ ਅਮੀਰ ਵਿਰਾਸਤ, ਮਾਂ-ਬੋਲੀ ਤੇ ਸੱਭਿਆਚਾਰ ਨਾਲ ਜੋੜਨ 'ਚ ਅਹਿਮ ਭੂਮਿਕਾ ਨਿਭਾਉਂਦੇ ਹਨ। ਅਜਿਹੇ ਮੰਚ ਵਿਦਿਆਰਥੀਆਂ 'ਚ ਆਤਮ-ਵਿਸ਼ਵਾਸ, ਅਨੁਸ਼ਾਸਨ ਅਤੇ ਟੀਮ ਭਾਵਨਾ ਪੈਦਾ ਕਰਦੇ ਹਨ।

ਇਸ ਤੋਂ ਪਹਿਲਾਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਗੁਰਮੀਤ ਸਿੰਘ ਬੂਹ ਅਤੇ ਕਾਲਜ ਦੇ ਸਾਬਕਾ ਵਿਦਿਆਰਥੀ ਤੇ ਸੇਵਾਮੁਕਤ ਡੀਆਈਜੀ ਦਲਜੀਤ ਰਾਣਾ ਨੇ ਵੀ ਸ਼ਿਰਕਤ ਕੀਤੀ। ਗੁਰਮੀਤ ਸਿੰਘ ਬੂਹ ਨੇ ਕਿਹਾ ਕਿ ਅਜਿਹੇ ਸਮਾਗਮ ਨੌਜਵਾਨ ਪੀੜ੍ਹੀ ਨੂੰ ਧਰਮ, ਵਿਰਸੇ ਅਤੇ ਸੱਭਿਆਚਾਰਕ ਪਰੰਪਰਾਵਾਂ ਨਾਲ ਜੋੜਦੇ ਹਨ। ਦਲਜੀਤ ਰਾਣਾ ਨੇ ਵਿਦਿਆਰਥੀਆਂ ਨੂੰ ਮਿਹਨਤ, ਲਗਨ ਅਤੇ ਅਨੁਸ਼ਾਸਨ ਨਾਲ ਅੱਗੇ ਵਧਣ ਲਈ ਪ੍ਰੇਰਿਤ ਕੀਤਾ।

ਕਾਲਜ ਦੇ ਪ੍ਰਿੰਸੀਪਲ ਡਾ. ਜਸਵੀਰ ਸਿੰਘ ਨੇ ਮੁੱਖ ਮਹਿਮਾਨ ਅਤੇ ਹੋਰ ਪਤਵੰਤਿਆਂ ਦਾ ਸਵਾਗਤ ਕਰਦਿਆਂ ਮੇਲੇ ਦੀ ਸਫ਼ਲਤਾ ਲਈ ਯੂਨੀਵਰਸਿਟੀ ਦੇ ਯੁਵਕ ਭਲਾਈ ਵਿਭਾਗ, ਕਾਲਜ ਮੈਨੇਜਮੈਂਟ, ਅਧਿਆਪਕਾਂ ਅਤੇ ਵਿਦਿਆਰਥੀਆਂ ਦਾ ਧੰਨਵਾਦ ਕੀਤਾ। ਡੀਨ ਸੱਭਿਆਚਾਰਕ ਮਾਮਲੇ ਡਾ. ਜੇ.ਪੀ. ਸਿੰਘ ਨੇ ਵੀ ਸਹਿਯੋਗੀਆਂ ਦੀ ਸ਼ਲਾਘਾ ਕੀਤੀ। ਮੇਲੇ ਦੌਰਾਨ ਨਾਚ, ਸੰਗੀਤ, ਥੀਏਟਰ, ਸਾਹਿਤਕ ਕਲਾਵਾਂ ਅਤੇ ਲੋਕ-ਕਲਾਵਾਂ ਦੇ ਮੁਕਾਬਲੇ ਖਿੱਚ ਦਾ ਕੇਂਦਰ ਰਹੇ। ਵੱਖ-ਵੱਖ ਸਟੇਜਾਂ 'ਤੇ ਡਾ. ਜੇ.ਪੀ. ਸਿੰਘ, ਪ੍ਰੋ. ਦਿਲਸ਼ੇਰਬੀਰ ਸਿੰਘ ਅਤੇ ਡਾ. ਰਵਿੰਦਰ ਸਿੰਘ ਨੇ ਮੰਚ ਸੰਚਾਲਨ ਕੀਤਾ।

## ਖ਼ਾਲਸਾ ਕਾਲਜ ਨੇ ਜਿੱਤੀ ਓਵਰਆਲ ਟਰਾਫੀ

ਸ੍ਰੀ ਗੁਰੂ ਤੇਗ ਬਹਾਦਰ ਖ਼ਾਲਸਾ ਕਾਲਜ ਨੇ ਸ਼ਬਦ ਗਾਇਨ, ਭੰਗੜਾ, ਗਿੱਧਾ, ਨਾਟਕ, ਮਿਮਿਕਰੀ, ਸਕਿੱਟ, ਸੰਗੀਤ, ਜਨਰਲ ਕੁਇਜ਼ ਅਤੇ ਵੱਖ-ਵੱਖ ਲੋਕ-ਕਲਾਵਾਂ ਸਮੇਤ ਕਈ ਮੁਕਾਬਲਿਆਂ 'ਚ ਪਹਿਲਾ ਸਥਾਨ ਹਾਸਲ ਕਰਕੇ ਓਵਰਆਲ ਟਰਾਫੀ ਆਪਣੇ ਨਾਂ ਕੀਤੀ। ਕਾਲਜ ਨੇ ਥੀਏਟਰ, ਸੰਗੀਤ, ਸਾਹਿਤਕ ਕਲਾਵਾਂ, ਨਾਚ ਅਤੇ ਲੋਕ-ਕਲਾਵਾਂ 'ਚ ਵੀ ਓਵਰਆਲ ਟਰਾਫੀਆਂ ਜਿੱਤੀਆਂ। ਮਾਤਾ ਗੁਜਰੀ ਕਾਲਜ, ਫਤਹਿਗੜ੍ਹ ਸਾਹਿਬ ਦੂਜੇ ਅਤੇ ਸਰਕਾਰੀ ਕਾਲਜ, ਰੋਪੜ ਤੀਜੇ ਸਥਾਨ 'ਤੇ ਰਿਹਾ।

# विद्यार्थियों ने बिखेरे कला और प्रादेशिक संस्कृति के रंग

## खालसा कालेज में रूपनगर-फतेहगढ़ साहिब जोन का चार दिवसीय यूथ फेस्टिवल जारी

संवाद सहयोगी, जागरण • आनंदपुर साहिब (रूपनगर) : श्री गुरु तेग बहादुर खालसा कालेज में आयोजित रूपनगर-फतेहगढ़ साहिब जोन के चार दिवसीय यूथ फेस्टिवल के तीसरे दिन विद्यार्थियों ने विभिन्न कलात्मक और सांस्कृतिक गतिविधियों में अपनी प्रतिभा का शानदार प्रदर्शन किया। इस मौके पर सिख एजुकेशन सोसायटी के प्रधान गुरबीर सिंह बराड़ ने मुख्य अतिथि के रूप में शिरकत की। वहीं, पंजाब कृषि विश्वविद्यालय में डा. सुरजीत पातर चेयर की चेयरपर्सन डा. निर्मल सिंह जौड़ा और गुरु नानक देव यूनिवर्सिटी अमृतसर के युवा कल्याण विभाग के डायरेक्टर डा. अमनदीप सिंह विशेष अतिथि के रूप में उपस्थित रहे।

मुख्य अतिथि गुरबीर सिंह बराड़ ने संबोधित करते कहा कि यूथ फेस्टिवल विद्यार्थियों के व्यक्तित्व विकास और उनकी छिपी हुई कलात्मक प्रतिभा को निखारने का महत्वपूर्ण मंच हैं। ऐसे आयोजन विद्यार्थियों को अपनी क्षमता पहचानने और आगे बढ़ने के अवसर प्रदान करते हैं। डा. निर्मल सिंह जौड़ा और डा. अमनदीप सिंह ने कहा कि इस तरह के कार्यक्रम युवाओं को अपनी समृद्ध विरासत, मातृभाषा और संस्कृति से जोड़ने में अहम भूमिका निभाते हैं। साथ ही, विद्यार्थियों में आत्मविश्वास, रचनात्मकता और आपसी भाईचारे की भावना को भी मजबूत करते हैं। उन्होंने विद्यार्थियों को पढ़ाई के साथ-साथ सांस्कृतिक गतिविधियों में बढ़-चढ़कर हिस्सा लेने के लिए प्रेरित किया।

कालेज के प्रिंसिपल डा. जसवीर सिंह ने मुख्य अतिथि गुरबीर सिंह बराड़, विशेष अतिथियों डा. निर्मल सिंह जौड़ा और डा. अमनदीप सिंह सहित अन्य प्रमुख हस्तियों का स्वागत किया।इ

स मौके पर सिख एजुकेशन सोसायटी के सदस्य डा. राजवीर सिंह दोंद, पंजाब यूथ सर्विसेज के डिप्टी डायरेक्टर कुलविंदर सिंह, सिख नेशनल कालेज बंगा के पूर्व प्रिंसिपल डा. तरसेम सिंह, बेला कालेज की प्रिंसिपल सतवंत कौर शाही और वाइपीएस मोहाली में सेवाएं दे रहे डा. राजिंदर सिंह ने भी विशेष रूप से शिरकत की। उन्होंने विद्यार्थियों की कलात्मक प्रतिभा और सांस्कृतिक प्रस्तुतियों की सराहना की।





खालसा कालेज में यूथ फेस्टिवल के तीसरे दिन मुख्यातिथि सिख एजुकेशन सोसायटी के प्रधान गुरबीर सिंह बराड़ का सम्मान करते हुए प्रिंसिपल डा. जसवीर सिंह व् अन्य। (दाएं) यूथ फेस्टिवल के तीसरे गिद्दा पेश करती छात्राएं • सौ. संस्था